**ਸੂਹੀ ਲਲਿਤ ॥ ਬੇੜਾ ਬੰਧਿ ਨ ਸਕਿਓ ਬੰਧਨ ਕੀ ਵੇਲਾ ॥ ਭਰਿ ਸਰਵਰੁ ਜਬ ਊਛਲੈ ਤਬ ਤਰਣੁ ਦੁਹੇਲਾ ॥੧॥ ਹਥੁ ਨ ਲਾਇ ਕਸੁੰਭੜੈ ਜਲਿ ਜਾਸੀ ਢੋਲਾ ॥੧॥ ਰਹਾਉ ॥ ਇਕ ਆਪੀਨ੍ਹ੍ਹੈ ਪਤਲੀ ਸਹ ਕੇਰੇ ਬੋਲਾ ॥ ਦੁਧਾ ਥਣੀ ਨ ਆਵਈ ਫਿਰਿ ਹੋਇ ਨ ਮੇਲਾ ॥੨॥ ਕਹੈ ਫਰੀਦੁ ਸਹੇਲੀਹੋ ਸਹੁ ਅਲਾਏਸੀ ॥ ਹੰਸੁ ਚਲਸੀ ਡੁੰਮਣਾ ਅਹਿ ਤਨੁ ਢੇਰੀ ਥੀਸੀ ॥੩॥੨॥**

**{ਪੰਨਾ 794}**

ਪਦਅਰਥ:- ਬੇੜਾ—ਨਾਮ-ਸਿਮਰਨ ਰੂਪ ਬੇੜਾ, 'ਜਪ ਤਪ ਕਾ' ਬੇੜਾ। ਬੰਧਿ ਨ ਸਕਿਓ—(ਕਸੁੰਭੇ ਨੂੰ ਹੀ ਹੱਥ ਪਾਈ ਰੱਖਣ ਕਰਕੇ ਜੀਵ) ਤਿਆਰ ਨਾਹ ਕਰ ਸਕਿਆ। ਬੰਧਨ ਕੀ ਵੇਲਾ—(ਬੇੜਾ) ਤਿਆਰ ਕਰਨ ਦੀ ਉਮਰੇ। ਭਰਿ—(ਵਿਕਾਰਾਂ ਨਾਲ ਨਕਾ ਨਕ) ਭਰ ਕੇ। ਦੁਹੇਲਾ—ਔਖਾ।1।

ਢੋਲਾ—ਹੇ ਮਿੱਤਰ! ਜਲਿ ਜਾਸੀ—(ਕਸੁੰਭਾ) ਸੜ ਜਾਇਗਾ, ਕਸੁੰਭੇ ਦਾ ਰੰਗ ਬਹੁਤਾ ਚਿਰ ਰਹਿਣ ਵਾਲਾ ਨਹੀਂ, ਮਾਇਆ ਦੀ ਮੌਜ ਥੋੜੇ ਦਿਨ ਹੀ ਰਹਿੰਦੀ ਹੈ। ਹਥੁ ਨ ਲਾਇ ਕਸੁੰਭੜੈ—ਭੈੜੇ ਕਸੁੰਭੇ ਨੂੰ ਹੱਥ ਨ ਲਾ, ਚੰਦ੍ਰੀ ਮਾਇਆ ਨਾਲ ਨਾਹ ਜੋੜੀ ਰੱਖ। ਰਹਾਉ।

ਇਕ—ਕਈ (ਜੀਵ-) ਇਸਤ੍ਰੀਆਂ। ਆਪੀਨ੍ਹ੍ਹੈ—ਆਪਣੇ ਆਪ ਵਿਚ। ਪਤਲੀ—ਕਮਜ਼ੋਰ ਆਤਮਕ ਜੀਵਨ ਵਾਲੀਆਂ। ਰੇ ਬੋਲਾ—ਨਿਰਾਦਰੀ ਦੇ ਬਚਨ। ਦੁਧਾਥਣੀ—ਉਹ ਅਵਸਥਾ ਜਦੋਂ ਇਸਤ੍ਰੀ ਦੇ ਥਣਾਂ ਵਿਚ ਦੁੱਧ ਆਉਂਦਾ ਹੈ, ਪਤੀ-ਮਿਲਾਪ। ਫਿਰਿ—ਕਿ ਇਹ ਵੇਲਾ ਖੁੰਝਣ ਤੇ।2।

ਨੋਟ:- ਗੁਰੂ ਨਾਨਕ ਸਾਹਿਬ ਦੇ ਆਪਣੇ ਸ਼ਬਦ ਨੂੰ ਛੱਡ ਕੇ ਵਲਾਇਤ ਵਾਲੀ ਸਾਖੀ ਦਾ ਆਸਰਾ ਲੈਂਦੇ ਫਿਰਨਾ, ਫਿਰ ਉਸ ਦੇ ਭੀ ਗ਼ਲਤ ਪਾਠ ਦਾ ਆਸਰਾ ਲੈਣਾ, ਸਿਆਣਪ ਦੀ ਗੱਲ ਨਹੀਂ ਹੈ, ਲਫ਼ਜ਼ "ਇਕ" ਬਹੁ-ਵਚਨ ਹੀ ਹੈ, ਪਰ ਹੈ ਇਹ 'ਇਸਤ੍ਰੀ-ਲਿੰਗ'; ਪੁਲਿੰਗ ਵਿਚ ਆਮ ਤੌਰ ਤੇ ਬਹੁ-ਵਚਨ ਲਫ਼ਜ਼ 'ਇਕ' ਤੋਂ "ਇਕਿ" ਹੁੰਦਾ ਹੈ। ਲਫ਼ਜ਼ 'ਦੁਧਾਥਣੀ' ਦੇ ਦੋ ਹਿੱਸੇ 'ਦੁਧਾ' ਅਤੇ 'ਥਣੀ' ਕਰ ਦੇਣੇ ਭੀ ਗ਼ਲਤ ਹੈ। ਇਹ ਲਫ਼ਜ਼ ਇਕੋ ਹੀ ਤੇ 'ਸਮਾਸੀ' ਲਫ਼ਜ਼ ਹੈ। ਸਾਰੇ ਗੁਰੂ ਗ੍ਰੰਥ ਸਾਹਿਬ ਵਿਚ ਸਿਰਫ਼ ਦੋ ਵਾਰੀ ਆਇਆ ਹੈ, ਦੂਜੀ ਵਾਰੀ ਗੁਰੂ ਨਾਨਕ ਸਾਹਿਬ ਨੇ ਵਰਤਿਆ ਹੈ।

ਸਹੁ—ਖਸਮ ਪ੍ਰਭੂ। ਅਲਾਏਸੀ—ਬੁਲਾਇਗਾ, ਸੱਦੇਗਾ, ਸੱਦਾ ਭੇਜੇਗਾ। ਹੰਸੁ—ਜੀਵ-ਆਤਮਾ। ਡੁੰਮਣਾ—(ਡੁ+ਮਣਾ) ਦੁਚਿੱਤਾ (ਹੋ ਕੇ), ਜੱਕੋ-ਤੱਕੇ ਕਰਦਾ। ਅਹਿ ਤਨੁ—ਇਹ ਸਰੀਰ। ਥੀਸੀ—ਹੋ ਜਾਇਗਾ।3।

ਅਰਥ:- ਹੇ ਸੱਜਣ! ਚੰਦ੍ਰੀ ਮਾਇਆ ਨਾਲ ਹੀ ਆਪਣੇ ਮਨ ਨੂੰ ਨਾਹ ਜੋੜੀ ਰੱਖ, ਇਹ ਮਾਇਆ ਚਾਰ

ਦਿਨ ਦੀ ਖੇਡ ਹੈ।1।

(ਜਿਸ ਮਨੁੱਖ ਨੇ ਮਾਇਆ ਨਾਲ ਹੀ ਮਨ ਲਾਈ ਰੱਖਿਆ) ਉਹ (ਬੇੜਾ) ਤਿਆਰ ਕਰਨ ਵਾਲੀ ਉਮਰੇ ਨਾਮ-ਰੂਪ ਬੇੜਾ ਤਿਆਰ ਨਾਹ ਕਰ ਸਕਿਆ, ਤੇ, ਜਦੋਂ ਸਰੋਵਰ (ਨਕਾ ਨਕ) ਭਰ ਕੇ (ਬਾਹਰ) ਉਛਲਣ ਲੱਗ ਪੈਂਦਾ ਹੈ ਤਦੋਂ ਇਸ ਵਿਚ ਤਰਨਾ ਔਖਾ ਹੋ ਜਾਂਦਾ ਹੈ (ਭਾਵ; ਜਦੋਂ ਮਨੁੱਖ ਵਿਕਾਰਾਂ ਦੀ ਅੱਤ ਕਰ ਦੇਂਦਾ ਹੈ, ਤਾਂ ਇਹਨਾਂ ਦੇ ਚਸਕੇ ਵਿਚੋਂ ਨਿਕਲਣਾ ਔਖਾ ਹੋ ਜਾਂਦਾ ਹੈ)।1।

ਜੋ ਜੀਵ-ਇਸਤ੍ਰੀਆਂ (ਮਾਇਆ ਨਾਲੋਂ ਮੋਹ ਪਾਣ ਕਰਕੇ) ਆਪਣੇ ਆਪ ਵਿਚ ਕਮਜ਼ੋਰ ਆਤਮਕ ਜੀਵਨ ਵਾਲੀਆਂ ਹੋ ਜਾਂਦੀਆਂ ਹਨ, ਉਹਨਾਂ ਨੂੰ (ਪ੍ਰਭੂ-) ਪਤੀ ਦੇ ਦਰ ਤੋਂ ਅਨਾਦਰੀ ਦੇ ਬੋਲ ਨਸੀਬ ਹੁੰਦੇ ਹਨ; ਉਹਨਾਂ ਉੱਤੇ ਪਤੀ-ਮਿਲਾਪ ਦੀ ਅਵਸਥਾ ਨਹੀਂ ਆਉਂਦੀ ਤੇ ਮਨੁੱਖਾ ਜਨਮ ਦਾ ਸਮਾ ਖੁੰਝਣ ਤੇ (ਜਦੋਂ ਨਾਮ-ਸਿਮਰਨ ਦਾ ਬੇੜਾ ਤਿਆਰ ਹੋ ਸਕਦਾ ਸੀ) ਪ੍ਰਭੂ ਨਾਲ ਮੇਲ ਨਹੀਂ ਹੋ ਸਕਦਾ।2।

ਫ਼ਰੀਦ ਆਖਦਾ ਹੈ—ਹੇ ਸਹੇਲੀਓ! ਜਦੋਂ ਪਤੀ ਪ੍ਰਭੂ ਦਾ ਸੱਦਾ (ਇਸ ਜਗਤ ਵਿਚੋਂ ਤੁਰਨ ਲਈ) ਆਵੇਗਾ, ਤਾਂ (ਮਾਇਆ ਵਿਚ ਹੀ ਗ੍ਰਸੀ ਰਹਿਣ ਵਾਲੀ ਜੀਵ-ਇਸਤ੍ਰੀ ਦਾ) ਆਤਮਾ-ਹੰਸ ਜੱਕੋ-ਤੱਕੇ ਕਰਦਾ ਹੋਇਆ (ਇਥੋਂ) ਤੁਰੇਗਾ (ਭਾਵ, ਮਾਇਆ ਤੋਂ ਵਿਛੁੜਨ ਨੂੰ ਚਿੱਤ ਨਹੀਂ ਕਰੇਗਾ), ਤੇ ਇਹ ਸਰੀਰ ਮਿੱਟੀ ਦੀ ਢੇਰੀ ਹੋ ਜਾਇਗਾ।3।2।